# Telephone Conversation between Prime Minister Shri Narendra Modi and H.E. Emmanuel Macron, President of France

December 07, 2020

# ਪ੍ਰਧਾਨ ਮੰਤਰੀ ਨੇ ਫਰਾਂਸ ਦੇ ਰਾਸ਼ਟਰਪਤੀ ਮਹਾਮਹਿਮ ਇਮੈਨੁਅਲ ਮੈਕ੍ਰੋਂ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ

7 ਦਸੰਬਰ, 2020

ਪ੍ਰਧਾਨ ਮੰਤਰੀ, ਸ਼੍ਰੀ ਨਰੇਂਦਰ ਮੋਦੀ ਨੇ ਅੱਜ ਫਰਾਂਸ ਦੇ ਰਾਸ਼ਟਰਪਤੀ ਮਹਾਮਹਿਮ ਇਮੈਨੁਅਲ ਮੈਕ੍ਰੋਂ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਇਸ ਗੱਲਬਾਤ ਵਿੱਚ ਫਰਾਂਸ ਵਿੱਚ ਹੋਏ ਆਤੰਕੀ ਹਮਲਿਆਂ ਦੇ ਪ੍ਰਤੀ ਆਪਣੀ ਸੰਵੇਦਨਾ ਵਿਅਕਤ ਕੀਤੀ ਅਤੇ ਆਤੰਕਵਾਦ, ਅਤਿਵਾਦ ਤੇ ਕੱਟੜਵਾਦ ਦੇ ਖ਼ਿਲਾਫ਼ ਲੜਾਈ ਵਿੱਚ ਫਰਾਂਸ ਦੇ ਪ੍ਰਤੀ ਭਾਰਤ ਦੇ ਪੂਰਨ ਸਮਰਥਨ ਨੂੰ ਦੁਹਰਾਇਆ।

ਦੋਹਾਂ ਨੇਤਾਵਾਂ ਨੇ ਕੋਵਿਡ-19 ਵੈਕਸੀਨ ਤੱਕ ਪਹੁੰਚ ਅਤੇ ਸਮਰੱਥਾ, ਕੋਰੋਨਾ ਦੇ ਬਾਅਦ ਆਰਥਿਕ ਖੇਤਰਾਂ ਨਾਲ ਜੁੜੇ ਸੁਧਾਰਾਂ, ਭਾਰਤ-ਪ੍ਰਸ਼ਾਂਤ ਖੇਤਰ ਵਿੱਚ ਸਹਿਯੋਗ, ਸਮੁੰਦਰੀ ਸੁਰੱਖਿਆ, ਰੱਖਿਆ ਸਹਿਯੋਗ, ਡਿਜੀਟਲ ਅਰਥਵਿਵਸਥਾ ਅਤੇ ਸਾਈਬਰ ਸੁਰੱਖਿਆ, ਬਹੁਪੱਖਵਾਦ ਨੂੰ ਹੁਲਾਰਾ ਦੇਣ, ਜਲਵਾਯੂ ਪਰਿਵਰਤਨ ਅਤੇ ਜੈਵ ਵਿਵਿਧਤਾ ਦੇ ਵਿਸ਼ਿਆਂ ਸਮੇਤ ਹੋਰ ਦੁਵੱਲੇ, ਖੇਤਰੀ ਅਤੇ ਆਪਸੀ ਹਿਤਾਂ ਨਾਲ ਸਬੰਧਿਤ ਆਲਮੀ ਮੁੱਦਿਆਂ ਬਾਰੇ ਗੱਲਬਾਤ ਕੀਤੀ।

ਦੋਹਾਂ ਨੇਤਾਵਾਂ ਨੇ ਹਾਲ ਹੀ ਦੇ ਵਰ੍ਹਿਆਂ ਵਿੱਚ ਭਾਰਤ ਅਤੇ ਫਰਾਂਸ ਦੇ ਰਣਨੀਤਕ ਸਹਿਯੋਗ ਸਬੰਧਾਂ ਵਿੱਚ ਮਜ਼ਬੂਤੀ ਅਤੇ ਗਹਿਰਾਈ ਨੂੰ ਲੈ ਕੇ ਤਸੱਲੀ ਪ੍ਰਗਟਾਈ ਅਤੇ ਕੋਰੋਨਾ ਮਹਾਮਾਰੀ ਦੇ ਬਾਅਦ ਦੇ ਸਮੇਂ ਇਕੱਠੇ ਮਿਲ ਕੇ ਕੰਮ ਕਰਨਾ ਜਾਰੀ ਰੱਖਣ 'ਤੇ ਸਹਿਮਤੀ ਪ੍ਰਗਟਾਈ।

ਪ੍ਰਧਾਨ ਮੰਤਰੀ ਨੇ ਆਲਮੀ ਪੱਧਰ 'ਤੇ ਕੋਰੋਨਾ ਮਹਾਮਾਰੀ ਦੀ ਸਥਿਤੀ ਦੇ ਨਾਰਮਲ ਹੋਣ ਦੇ ਬਾਅਦ ਭਾਰਤ ਵਿੱਚ ਰਾਸ਼ਟਰਪਤੀ ਮੈਕ੍ਰੋਂ ਦਾ ਸੁਆਗਤ ਕਰਨ ਦੀ ਇੱਛਾ ਵੀ ਜਾਹਿਰ ਕੀਤੀ।

ਨਵੀਂ ਦਿਲੀ
7 ਦਸੰਬਰ, 2020

DISCLAIMER: This is an approximate translation. The original is available in English on MEA's website and may be referred to as the official press release.